# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**08:30**

**ਮਿਤੀ : 4-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਈ ਸੰਸਦੀ ਕਮੇਟੀਆਂ ਨੂੰ ਮੁੜ੍ਹ ਗਠਿਤ ਕੀਤੈ ਅਤੇ ਨਵੇਂ ਚੇਅਰਪਰਸਨ ਨਿਯੁਕਤ ਕੀਤੇ ਨੇ।

- ਸਿੱਖਿਆ ਮੰਤਰਾਲੇ ਨੇ ਸ਼ਾਸਤਰੀ ਭਾਸ਼ਾਵਾਂ ਦੇ ਅਧਿਐਨ ਲਈ ਪੰਜ ਸੈਂਟਰ ਆਫ਼ ਐਕਸੀਲੈਂਸ ਕਾਇਮ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ।

- ਭਾਰਤ ਨੇ ਪਾਕਿਸਤਾਨ ਤੋਂ ਜਾਰੀ ਅਵੈਧ ਘੁਸਪੈਠ ਦਾ ਸਖਤ ਵਿਰੋਧ ਕੀਤਾ ਏ. ਪਾਕਿਸਤਾਨ ਹਾਈ ਕਮਿਸ਼ਨ ਦੇ ਕਾਰਜਕਾਰੀ ਚਾਰਜ ਡੀ ਅਫੇਅਰਜ਼ ਨੂੰ ਤਲਬ ਕੀਤਾ।

- 19ਵਾਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਅਗਲੇ ਸਾਲ 7 ਤੋਂ 9 ਜਨਵਰੀ ਤੱਕ, ਕੋਲਕਾਤਾ ਵਿੱਚ ਕਰਾਇਆ ਜਾਵੇਗਾ।

- ਜਾਪਾਨ ਦੇ ਨਾਗੋਆ 'ਚ ਅੱਜ ਏਸ਼ੀਆਈ ਖੇਡਾਂ ਦਾ ਸ਼ਾਨਦਾਰ ਸਮਾਪਤੀ ਸਮਾਰੋਹ. ਔਰਤ ਨਿਸ਼ਾਨੇਬਾਜ਼ ਨੀਰੂ ਢਾਂਡਾ ਹੋਣਗੇ ਭਾਰਤ ਦੇ ਝੰਡਾ ਬਰਦਾਰ।

*ਹੁਣ ਖਬਰਾਂ ਵਿਸਥਾਰ ਨਾਲ*

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਈ ਸੰਸਦੀ ਕਮੇਟੀਆਂ ਨੂੰ ਮੁੜ੍ਹ ਗਠਿਤ ਕੀਤਾ ਏ ਅਤੇ ਨਵੇਂ ਚੇਅਰਪਰਸਨ ਨਿਯੁਕਤ ਕੀਤੇ ਨੇ।

ਭਾਜਪਾ ਦੇ ਸੰਸਦ ਮੈਂਬਰ ਭਰਤਰੁਹਰੀ ਮਹਿਤਾਬ ਨੂੰ ਫਾਇਨੈਂਸ ਕਮੇਟੀ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਏ । ਕਾਂਗਰਸ ਸੰਸਦ ਮੈਂਬਰ ਸ਼ਸ਼ੀ ਥਰੂਰ, ਵਿਦੇਸ਼ ਮਾਮਲਿਆਂ ਦੀ ਕਮੇਟੀ ਦੀ ਪ੍ਰਧਾਨਗੀ ਕਰਨਗੇ। ਭਾਜਪਾ ਦੇ ਸੰਸਦ ਮੈਂਬਰ ਸੁਧੀਰ ਗੁਪਤਾ ਰੇਲਵੇ ਕਮੇਟੀ ਦੀ ਪ੍ਰਧਾਨਗੀ ਕਰਨਗੇ।

ਡਾ.ਕਾਕੋਲੀ ਘੋਸ਼ ਦਸਤੀਦਾਰ ਨੂੰ ਰਸਾਇਣ ਅਤੇ ਖਾਦ ਕਮੇਟੀ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਏ। ਕਾਂਗਰਸ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਖੇਤੀਬਾੜੀ, ਪਸ਼ੂ ਪਾਲਣ ਅਤੇ ਫੂਡ ਪ੍ਰੋਸੈਸਿੰਗ

ਕਮੇਟੀ ਦੀ ਪ੍ਰਧਾਨਗੀ ਕਰਨਗੇ। ਭਾਜਪਾ ਦੇ ਸੰਸਦ ਮੈਂਬਰ, ਰਾਧਾ ਮੋਹਨ ਸਿੰਘ ਰੱਖਿਆ ਕਮੇਟੀ ਦੀ ਪ੍ਰਧਾਨਗੀ ਕਰਨਗੇ। ਭਾਜਪਾ ਦੇ ਸੰਸਦ ਮੈਂਬਰ ਰਾਜੀਵ ਪ੍ਰਤਾਪ ਰੂਡੀ ਪਾਣੀ ਵਸੀਲਿਆਂ ਬਾਰੇ ਕਮੇਟੀ ਦੀ ਪ੍ਰਧਾਨਗੀ ਕਰਨਗੇ, ਜਦਕਿ ਕਾਂਗਰਸ ਦੇ ਸੰਸਦ ਮੈਂਬਰ ਸਪਤਗਿਰੀ ਉਲਕਾ ਦਿਹਾਤੀ ਵਿਕਾਸ ਅਤੇ ਪੰਚਾਇਤੀ ਰਾਜ ਕਮੇਟੀ ਦੀ ਪ੍ਰਧਾਨਗੀ ਕਰਨਗੇ। ਭਾਜਪਾ ਦੇ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਨੂੰ ਸੰਚਾਰ ਅਤੇ ਸੂਚਨਾ ਤਕਨਾਲੋਜੀ ਕਮੇਟੀ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਏ। ਇਨ੍ਹਾਂ ਕਮੇਟੀਆਂ ਦਾ ਕਾਰਜਕਾਲ ਪਿਛਲੇ ਮਹੀਨੇ ਦੀ 26 ਤਰੀਕ ਨੂੰ ਸ਼ੁਰੂ ਹੋਇਆ ਸੀ।

---------------------------------------------------------------

ਸਿੱਖਿਆ ਮੰਤਰਾਲੇ ਨੇ ਸ਼ਾਸਤਰੀ ਭਾਸ਼ਾਵਾਂ ਦੇ ਅਧਿਐਨ ਲਈ ਪੰਜ ਸੈਂਟਰ ਆਫ਼ ਐਕਸੀਲੈਂਸ ਕਾਇਮ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ । ਉੱਚ ਸਿੱਖਿਆ ਵਿਭਾਗ ਮੁਤਾਬਿਕ, ਇਹ ਸੈਂਟਰ ਸ਼ਾਸਤਰੀ ਅਸਾਮੀ, ਸ਼ਾਸਤਰੀ ਬੰਗਾਲੀ, ਸ਼ਾਸਤਰੀ ਮਰਾਠੀ, ਸ਼ਾਸਤਰੀ ਪਾਲੀ ਅਤੇ ਸ਼ਾਸਤਰੀ ਪ੍ਰਾਕ੍ਰਿਤ ਦੇ ਅਧਿਐਨ ਲਈ ਸਮਰਪਿਤ ਹੋਣਗੇ। ਇਹ ਸੈਂਟਰ ਇਨ੍ਹਾਂ ਭਾਸ਼ਾਵਾਂ 'ਤੇ ਉੱਚ-ਪੱਧਰੀ ਖੋਜ ਕਰਨਗੇ, ਅਤੇ ਉਨ੍ਹਾਂ ਦੇ  ਸਾਹਿਤਕ ਅਤੇ ਭਾਸ਼ਾਈ ਵਿਰਸੇ ਨੂੰ ਸੁਰੱਖਿਅਤ ਰੱਖਣ ਅਤੇ ਡਿਜੀਟਾਈਜ਼ ਕਰਨ ਲਈ ਵੀ ਕੰਮ ਕਰਨਗੇ। ਇਹ ਸੈਂਟਰ ਆਫ਼ ਐਕਸੀਲੈਂਸ, ਅਸਾਮ ਵਿੱਚ ਤੇਜਪੁਰ ਯੂਨੀਵਰਸਿਟੀ, ਪੱਛਮੀ ਬੰਗਾਲ ਵਿੱਚ ਵਿਸ਼ਵ-ਭਾਰਤੀ ਯੂਨੀਵਰਸਿਟੀ,

ਪੁਣੇ ਵਿੱਚ ਪੋਸਟ ਗ੍ਰੈਜੂਏਟ ਡੇਕੱਨ ਕਾਲਜ ਅਤੇ ਖੋਜ ਸੰਸਥਾਨ, ਓਡੀਸ਼ਾ ਦੀ ਕੇਂਦਰੀ ਯੂਨੀਵਰਸਿਟੀ ਅਤੇ ਗੁਜਰਾਤ ਦੀ ਕੇਂਦਰੀ ਯੂਨੀਵਰਸਿਟੀ ਵਿੱਚ ਕਾਇਮ ਕੀਤੇ ਜਾਣਗੇ। ਇਹ ਸਰਕਾਰੀ ਪਹਿਲ ਭਾਰਤ ਦੀਆਂ ਸ਼ਾਸਤਰੀ ਭਾਸ਼ਾਵਾਂ ਦੇ ਅਧਿਐਨ, ਖੋਜ ਅਤੇ ਸੰਭਾਲ ਨੂੰ ਉਤਸ਼ਾਹਿਤ ਕਰੇਗੀ।

-----------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਨਵੀਂ ਦਿੱਲੀ ਵਿੱਚ ਭਾਰਤ-ਰੂਸ ਸਬੰਧਾਂ ਬਾਰੇ ਸਲਾਹਕਾਰ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ, ਕਲ੍ਹ ਡਾ. ਜੈਸ਼ੰਕਰ ਨੇ ਭਾਰਤ ਅਤੇ ਰੂਸ ਦੇ ਬਹੁਪੱਖੀ ਸਹਿਯੋਗ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾਇਆ, ਜਿਸ ਵਿੱਚ ਵਪਾਰ, ਨਿਵੇਸ਼, ਊਰਜਾ, ਸੰਪਰਕ, ਸੱਭਿਆਚਾਰ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧ ਸ਼ਾਮਿਲ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿਦੇਸ਼ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਯੂਕਰੇਨ ਸੰਘਰਸ਼ ਨੂੰ ਖਤਮ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਲਈ ਭਾਰਤ ਦੀ ਸਰਗਰਮ ਹਮਾਇਤ ਦਾ ਵੀ ਜ਼ਿਕਰ ਕੀਤਾ।

-----------------------------------------------------------

ਵਿਦੇਸ਼ ਮੰਤਰਾਲਾ ਨੇ ਪਾਕਿਸਤਾਨ ਹਾਈ ਕਮਿਸ਼ਨ ਦੇ ਕਾਰਜਕਾਰੀ ਚਾਰਜ ਡੀ ਅਫੇਅਰਜ਼ ਨੂੰ ਤਲਬ ਕੀਤਾ ਏ। ਭਾਰਤ ਨੇ ਪਾਕਿਸਤਾਨ ਤੋਂ ਚੱਲ ਰਹੀ ਗੈਰ-ਕਾਨੂੰਨੀ ਘੁਸਪੈਠ 'ਤੇ ਸਖ਼ਤ ਵਿਰੋਧ ਦਰਜ ਕਰਵਾਇਆ ਏ -

**V/C**

*ਭਾਰਤ ਨੇ ਪੰਜਾਬ ਦੇ ਫਿਰੋਜ਼ਪੁਰ ਸੈਕਟਰ ਵਿੱਚ ਸ਼ੁੱਕਰਵਾਰ ਦੀ ਘਟਨਾ ਸੰਬੰਧੀ ਪਾਕਿਸਤਾਨ ਦੇ ਇਲਜ਼ਾਮਾਂ ਨੂੰ ਵੀ ਬੇਬੁਨਿਆਦ ਕਰਾਰ ਦਿੱਤਾ ਏ । ਵਿਦੇਸ਼ ਮੰਤਰਾਲੇ ਮੁਤਾਬਿਕ, ਤਿੰਨ ਵਿਅਕਤੀ ਪਾਕਿਸਤਾਨ ਤੋਂ ਭਾਰਤੀ ਸਰਹੱਦ ਵਿੱਚ ਦਾਖਲ ਹੋਏ ਸਨ। ਸਰਹੱਦੀ ਸੁਰੱਖਿਆ ਬਲ (BSF) ਨੇ ਉਨ੍ਹਾਂ ਨੂੰ ਵਾਰ-ਵਾਰ ਵਾਪਿਸ ਜਾਣ ਦੀ ਚੇਤਾਵਨੀ ਦਿੱਤੀ, ਪਰ ਉਹ ਸਰਹੱਦੀ ਵਾੜ ਵੱਲ ਵਧਦੇ ਰਹੇ। ਜਦੋਂ ਉਨ੍ਹਾਂ ਨੇ ਸੁਰੱਖਿਆ ਲਈ ਖ਼ਤਰਾ ਪੈਦਾ ਕੀਤਾ ਤਾਂ BSF ਨੂੰ ਉਨ੍ਹਾਂ ਵਿਰੁੱਧ ਕਾਰਵਾਈ ਕਰਨੀ ਪਈ । ਭਾਰਤ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਪਾਕਿਸਤਾਨ ਤੋਂ ਲਗਾਤਾਰ ਘੁਸਪੈਠ ਅਤੇ ਤਸਕਰੀ ਨੂੰ ਦਰਸਾਉਂਦੀਆਂ ਨੇ. ਭਾਰਤ ਨੇ ਪਾਕਿਸਤਾਨ ਨੂੰ ਇਨ੍ਹਾਂ ਘਟਨਾਵਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀ ਜਾਂਚ ਕਰਨ ਅਤੇ ਆਪਣੇ ਸਰਹੱਦੀ ਸੁਰੱਖਿਆ ਬਲਾਂ ਦੀ ਭੂਮਿਕਾ 'ਤੇ ਕਾਰਵਾਈ ਕਰਨ ਲਈ ਕਿਹਾ ਏ। ਪਾਕਿਸਤਾਨ ਨੂੰ ਅੰਤਰਰਾਸ਼ਟਰੀ ਸਰਹੱਦ ਦਾ ਸਤਿਕਾਰ ਕਰਨ ਅਤੇ ਆਪਣੇ ਪਾਸਿਓਂ ਗੈਰ-ਕਾਨੂੰਨੀ ਆਵਾਜਾਈ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ ਲਈ ਵੀ ਕਿਹਾ ਗਿਆ ਏ।*

*ਰਾਜੇਸ਼ ਬਾਲੀ, ਆਕਾਸ਼ਵਾਣੀ ਖਬਰਾਂ, ਜਲੰਧਰ*

------------------------------------------------------

19ਵਾਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਅਗਲੇ ਸਾਲ 7 ਤੋਂ 9 ਜਨਵਰੀ ਤੱਕ, ਪੱਛਮੀ ਬੰਗਾਲ ਦੇ ਕੋਲਕਾਤਾ ਵਿੱਚ ਕਰਾਇਆ ਜਾਵੇਗਾ। ਵਿਦੇਸ਼ ਮੰਤਰਾਲਾ, ਪੱਛਮੀ ਬੰਗਾਲ ਸਰਕਾਰ ਦੇ ਸਹਿਯੋਗ ਨਾਲ ਇਹ ਸੰਮੇਲਨ ਕਰਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸੰਮੇਲਨ ਦਾ ਉਦਘਾਟਨ ਕਰਨਗੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਪ੍ਰਵਾਸੀ ਭਾਰਤੀ ਸਨਮਾਨ ਪੁਰਸਕਾਰ ਪ੍ਰਦਾਨ ਕਰਨਗੇ ਅਤੇ ਸਮਾਪਤੀ ਸੈਸ਼ਨ ਦੀ ਪ੍ਰਧਾਨਗੀ ਕਰਨਗੇ।

ਸੰਮੇਲਨ ਦੌਰਾਨ 'ਯੁਵਾ ਪ੍ਰਵਾਸੀ ਭਾਰਤੀ ਦਿਵਸ' ਹੋਵੇਗਾ। ਇਹ ਦੁਨੀਆ ਭਰ ਦੇ ਭਾਰਤੀ ਮੂਲ ਦੇ ਨੌਜਵਾਨਾਂ, ਕਾਰੋਬਾਰੀਆਂ, ਪੇਸ਼ੇਵਰਾਂ ਅਤੇ ਸਿੱਖਿਆ-ਸ਼ਾਸਤਰੀਆਂ ਨੂੰ ਇੱਕ ਮੰਚ ਪ੍ਰਦਾਨ ਕਰੇਗਾ।

------------------------------------------------------

ਇਜ਼ਰਾਈਲੀ ਪ੍ਰਧਾਨ ਮੰਤਰੀ ਬੇਨਜਾਮਿਨ ਨੇਤਨਯਾਹੂ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਮਛਾਰ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਇਜ਼ਰਾਈਲ ਦੇ ਆਉਣ ਵਾਲੇ ਆਜ਼ਾਦੀ ਦਿਵਸ ਸਮਾਰੋਹ ਦੌਰਾਨ ਰਵਾਇਤੀ ਰਸਮੀ ਜਯੋਤੀ ਜਗਾਉਣ ਲਈ ਸੱਦਾ ਦਿੱਤਾ ਏ । ਪ੍ਰਧਾਨ ਮੰਤਰੀ ਨੇਤਨਯਾਹੂ ਨੇ ਕੈਪਟਨ ਮਛਾਰ ਨਾਲ ਫ਼ੋਨ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਹਿੰਮਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕੈਪਟਨ ਮਛਾਰ ਨੂੰ

ਭਾਰਤ, ਇਜ਼ਰਾਈਲ ਅਤੇ ਪੂਰੀ ਦੁਨੀਆ ਦਾ ਨਾਇਕ ਕਿਹਾ। ਨੇਤਨਯਾਹੂ ਨੇ ਕੈਪਟਨ ਮਛਾਰ ਦੇ ਜਲਦੀ ਅਤੇ ਪੂਰੀ ਤਰ੍ਹਾਂ ਠੀਕ ਹੋਣ ਦੀ ਕਾਮਨਾ ਕੀਤੀ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਹ ਸਨਮਾਨ ਵਿਸ਼ੇਸ਼ ਏ ਕਿਉਂਕਿ ਇਜ਼ਰਾਈਲ ਵਿੱਚ, ਆਜ਼ਾਦੀ ਦਿਵਸ 'ਤੇ ਜਯੋਤੀ ਜਗਾਉਣ ਦਾ ਸਨਮਾਨ ਆਮ ਤੌਰ 'ਤੇ ਸਿਰਫ ਇਜ਼ਰਾਈਲੀ ਨਾਗਰਿਕਾਂ ਨੂੰ ਦਿੱਤਾ ਜਾਂਦਾ ਏ।

---

ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਆਂ ਨੇ ਕਿਹਾ ਕਿ ਵਧਦੇ ਅਮਰੀਕੀ ਆਰਥਿਕ ਦਬਾਅ ਅਤੇ ਪਾਬੰਦੀਆਂ ਦਰਮਿਆਨ ਈਰਾਨ ਨੇ ਇੱਕ ਨਵਾਂ ਸਿਸਟਮ ਅਪਣਾਇਆ ਏ। ਸੋਸ਼ਲ ਮੀਡੀਆ 'ਤੇ, ਰਾਸ਼ਟਰਪਤੀ ਪੇਜ਼ੇਸ਼ਕੀਆਂ ਨੇ ਕਿਹਾ ਕਿ ਅਮਰੀਕਾ ਅਤੇ ਉਸਦੇ ਸਹਿਯੋਗੀ ਈਰਾਨ ਦੀ ਆਰਥਿਕਤਾ 'ਤੇ ਦਬਾਅ ਪਾਉਣ ਦੀ ਕੋਸ਼ਿਸ਼ ਕਰ ਰਹੇ ਨੇ. ਉਨ੍ਹਾਂ ਕਿਹਾ ਕਿ ਇਨ੍ਹਾਂ ਕੋਸ਼ਿਸ਼ਾਂ ਦਾ ਸਾਹਮਣਾ ਜਨਤਕ ਹਮਾਇਤ ਅਤੇ ਸਰਕਾਰੀ ਯਤਨਾਂ ਨਾਲ ਕੀਤਾ ਜਾ ਰਿਹਾ ਏ । ਅਮਰੀਕਾ ਈਰਾਨ ਦੀ ਆਰਥਿਕਤਾ ਅਤੇ ਮਾਲੀ ਨੈੱਟਵਰਕਾਂ 'ਤੇ ਲਗਾਤਾਰ ਪਾਬੰਦੀਆਂ ਲਾ ਰਿਹਾ ਏ. ਅਮਰੀਕਾ ਦਾ ਦਾਅਵਾ ਏ ਕਿ ਇਹ ਆਰਥਿਕ ਨੈੱਟਵਰਕ ਈਰਾਨੀ ਸਰਕਾਰ ਅਤੇ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (IRGC) ਦੀ ਹਮਾਇਤ ਕਰਦੇ ਨੇ।

---------------------------------------------------------------

ਭਾਰਤੀ ਹਵਾਈ ਫੌਜ ਦੇ ਮੁਖੀ ਏਅਰ ਚੀਫ ਮਾਰਸ਼ਲ ਏ.ਪੀ. ਸਿੰਘ ਨੇ ਅੱਜ ਨਵੀਂ ਦਿੱਲੀ ਦੇ ਜਵਾਹਰ ਲਾਲ ਨਹਿਰੂ ਸਟੇਡੀਅਮ ਵਿਖੇ ਦੂਜੀ ਸੇਖੋਂ ਇੰਡੀਅਨ ਏਅਰ ਫੋਰਸ ਮੈਰਾਥਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਮੈਰਾਥਨ ਭਾਰਤੀ ਹਵਾਈ ਫੌਜ ਦੇ ਪਰਮ ਵੀਰ ਚੱਕਰ ਜੇਤੂ ਫਲਾਇੰਗ ਅਫਸਰ ਨਿਰਮਲ ਜੀਤ ਸਿੰਘ ਸੇਖੋਂ ਦੀ ਯਾਦ ਵਿੱਚ ਕਰਾਈ ਜਾ ਰਹੀ ਏ. ਮੈਰਾਥਨ ਦਾ ਉਦੇਸ਼ ਲੋਕਾਂ ਨੂੰ ਤੰਦਰੁਸਤੀ, ਹੌਸਲੇ ਅਤੇ ਰਾਸ਼ਟਰੀ ਏਕਤਾ ਵੱਲ ਪ੍ਰੇਰਿਤ ਕਰਨਾ ਏ। ਇਸ ਵਿੱਚ 21 ਕਿਲੋਮੀਟਰ, 10 ਕਿਲੋਮੀਟਰ ਅਤੇ 5 ਕਿਲੋਮੀਟਰ ਦੀਆਂ ਦੌੜਾਂ ਸ਼ਾਮਿਲ ਹੋਣਗੀਆਂ। ਜੇਤੂਆਂ ਨੂੰ ਇੱਕ ਲੱਖ ਰੁਪਏ ਤੱਕ ਦੇ ਨਕਦ ਇਨਾਮ ਮਿਲਣਗੇ। ਫਲਾਇੰਗ ਅਫਸਰ ਨਿਰਮਲ ਜੀਤ ਸਿੰਘ ਸੇਖੋਂ ਨੇ 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਬਹਾਦਰੀ ਦਿਖਾਈ। ਸ੍ਰੀਨਗਰ ਹਵਾਈ ਅੱਡੇ ਦੀ ਰੱਖਿਆ ਕਰਦੇ ਹੋਏ, ਓਹਨਾਂ ਛੇ ਪਾਕਿਸਤਾਨੀ ਸੇਬਰ ਜੈੱਟ ਹਵਾਈ ਜਹਾਜ਼ਾਂ ਨਾਲ ਮੁਕਾਬਲਾ ਕੀਤਾ। ਓਹਨਾਂ ਦੀ ਬਹਾਦਰੀ ਅਤੇ ਕੁਰਬਾਨੀ ਨੂੰ ਅੱਜ ਵੀ ਯਾਦ ਕੀਤਾ ਜਾਂਦਾ ਏ।

---------------------------------------------------------------

2026 ਏਸ਼ੀਆਈ ਖੇਡਾਂ ਅੱਜ ਖਤਮ ਹੋ ਰਹੀਆਂ ਨੇ. ਸਮਾਪਤੀ ਸਮਾਰੋਹ ਜਾਪਾਨ ਦੇ ਨਾਗੋਆ ਸ਼ਹਿਰ ਦੇ ਮਿਜ਼ੂਹੋ ਪਾਰਕ ਐਥਲੈਟਿਕ

ਸਟੇਡੀਅਮ ਵਿੱਚ ਹੋਵੇਗਾ। ਇਹ ਸਮਾਰੋਹ ਭਾਰਤੀ ਸਮੇਂ ਮੁਤਾਬਿਕ ਸ਼ਾਮ 6 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਇਸ ਸਾਲ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਂਦਿਆਂ, ਕੁੱਲ 85 ਤਮਗੇ ਜਿੱਤੇ। ਇਨ੍ਹਾਂ ਵਿੱਚ 21 ਸੋਨੇ ਦੇ, 27 ਚਾਂਦੀ ਦੇ ਅਤੇ 37 ਕਾਂਸੀ ਦੇ ਤਮਗੇ ਸ਼ਾਮਿਲ ਨੇ. ਭਾਰਤ ਤਮਗਾ ਸੂਚੀ ਵਿੱਚ ਚੌਥੇ ਸਥਾਨ 'ਤੇ ਰਿਹਾ। ਔਰਤ ਨਿਸ਼ਾਨੇਬਾਜ਼ ਨੀਰੂ ਢਾਂਡਾ ਸਮਾਪਤੀ ਸਮਾਰੋਹ ਵਿੱਚ ਭਾਰਤ ਦੇ ਝੰਡਾ ਬਰਦਾਰ ਹੋਣਗੇ. ਉਹ ਤਿਰੰਗਾ ਲੈ ਕੇ ਭਾਰਤੀ ਦਲ ਦੀ ਅਗਵਾਈ ਕਰਨਗੇ।

---------------------------------------------------------

ਪਹਿਲਾਂ ਕਲ੍ਹ ਏਸ਼ਿਆਈ ਖੇਡਾਂ ‘ਚ ਹਾਕੀ ਤੇ ਕ੍ਰਿਕੇਟ ‘ਚ ਭਾਰਤ ਨੇ ਸੋਨੇ ਦੇ ਤਮਗੇ ਜਿੱਤੇ.ਇਹਨਾਂ ਜਿੱਤਾਂ ਨਾਲ ਦੇਸ਼ ‘ਚ ਖੁਸ਼ੀ ਦੀ ਲਹਿਰ ਏ।

ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਦੇ ਪਿਤਾ ਸ਼੍ਰੀ ਸਰਬਜੀਤ ਸਿੰਘ ਨੇ ਇਸ ਜਿੱਤ ‘ਤੇ ਆਕਾਸ਼ਵਾਣੀ ਨਾਲ ਆਪਣੀ ਖੁਸ਼ੀ ਸਾਂਝੀ ਕੀਤੀ -

**BYTE: HARMANPREET SINGH’s FATHER**

ਰਵਾਇਤੀ ਵਿਰੋਧੀ ਪਾਕਿਸਤਾਨ ਨੂੰ ਫਾਇਨਲ ਵਿਚ ਹਰਾ ਕੇ ਸੋਨੇ ਦਾ ਤਮਗਾ ਜਿੱਤਣ ਵਾਲੀ ਭਾਰਤੀ ਕ੍ਰਿਕੇਟ ਟੀਮ ਦੇ ਸਲਾਮੀ ਬੱਲੇਬਾਜ਼ ਅਭਿਸ਼ੇਕ ਸ਼ਰਮਾ ਦੇ ਪਿਤਾ ਸ਼੍ਰੀ ਰਾਜਕੁਮਾਰ ਸ਼ਰਮਾ ਨੇ ਵੀ ਆਕਾਸ਼ਵਾਣੀ

ਨਾਲ ਆਪਣੀ ਖੁਸ਼ੀ ਜ਼ਾਹਿਰ ਕੀਤੀ। ਜ਼ਿਕਰਯੋਗ ਏ ਕਿ ਅਭਿਸ਼ੇਕ ਸ਼ਰਮਾ ਦੇ ਪਿਤਾ ਓਹਨਾਂ ਦੇ ਕੋਚ ਵੀ ਨੇ। ਓਹਨਾਂ ਕਿਹਾ-

**BYTE: ABHISHEK SHARMA's FATHER**

---------------------------------------------------

ਭਾਰਤ ਦੀ ਔਰਤਾਂ ਦੀ ਹਾਕੀ ਟੀਮ ਦਾ ਜਾਪਾਨ ਵਿੱਚ ਏਸ਼ੀਆਈ ਖੇਡਾਂ ਤੋਂ ਜੇਤੂ ਵਾਪਸੀ ਤੋਂ ਬਾਅਦ ਬੈਂਗਲੁਰੂ ਦੇ ਕੈਂਪੇਗੌੜਾ ਹਵਾਈ ਅੱਡੇ 'ਤੇ ਜਸ਼ਨਾ ਨਾਲ ਸਵਾਗਤ ਕੀਤਾ ਗਿਆ। ਭਾਰਤ ਦੀ ਔਰਤਾਂ ਦੀ ਟੀਮ ਨੇ 44 ਸਾਲਾਂ ਦੇ ਵਕਫ਼ੇ ਤੋਂ ਬਾਅਦ ਦੇਸ਼ ਲਈ ਏਸ਼ੀਆਈ ਖੇਡਾਂ ਦਾ ਸੋਨੇ ਦਾ ਤਮਗਾ ਜਿੱਤਿਆ ਏ।

---------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਨੇ ਵੈਸਟਇੰਡੀਜ਼ ਵਿਰੁੱਧ ਤਿੰਨ ਮੈਚਾਂ ਦੀ ਇੱਕ ਰੋਜ਼ਾ ਲੜੀ 2-1 ਨਾਲ ਜਿੱਤ ਲਈ ਏ।

---------------------------------------------------

- ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਈ ਸੰਸਦੀ ਕਮੇਟੀਆਂ ਨੂੰ ਮੁੜ੍ਹ ਗਠਿਤ ਕੀਤੈ ਅਤੇ ਨਵੇਂ ਚੇਅਰਪਰਸਨ ਨਿਯੁਕਤ ਕੀਤੇ ਨੇ।

- ਸਿੱਖਿਆ ਮੰਤਰਾਲੇ ਨੇ ਸ਼ਾਸਤਰੀ ਭਾਸ਼ਾਵਾਂ ਦੇ ਅਧਿਐਨ ਲਈ ਪੰਜ ਸੈਂਟਰ ਆਫ਼ ਐਕਸੀਲੈਂਸ ਕਾਇਮ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ।

- ਭਾਰਤ ਨੇ ਪਾਕਿਸਤਾਨ ਤੋਂ ਜਾਰੀ ਅਵੈਧ ਘੁਸਪੈਠ ਦਾ ਸਖਤ ਵਿਰੋਧ ਕੀਤਾ ਏ. ਪਾਕਿਸਤਾਨ ਹਾਈ ਕਮਿਸ਼ਨ ਦੇ ਕਾਰਜਕਾਰੀ ਚਾਰਜ ਡੀ ਅਫੇਅਰਜ਼ ਨੂੰ ਤਲਬ ਕੀਤਾ।

- 19ਵਾਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਅਗਲੇ ਸਾਲ 7 ਤੋਂ 9 ਜਨਵਰੀ ਤੱਕ, ਕੋਲਕਾਤਾ ਵਿੱਚ ਕਰਾਇਆ ਜਾਵੇਗਾ।

- ਜਾਪਾਨ ਦੇ ਨਾਗੋਆ ’ਚ ਅੱਜ ਏਸ਼ੀਆਈ ਖੇਡਾਂ ਦਾ ਸ਼ਾਨਦਾਰ ਸਮਾਪਤੀ ਸਮਾਰੋਹ. ਔਰਤ ਨਿਸ਼ਾਨੇਬਾਜ਼ ਨੀਰੂ ਢਾਂਡਾ ਹੋਣਗੇ ਭਾਰਤ ਦੇ ਝੰਡਾ ਬਰਦਾਰ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**